# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 06-11-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਡੋਨਾਲਡ ਟਰੰਪ ਨੂੰ ਅਮਰੀਕੀ ਚੋਣਾਂ ਵਿਚ ਜਿੱਤ ਹਾਸਲ ਕਾਰਨ 'ਤੇ ਦਿੱਤੀ ਵਧਾਈ।
- ਸਰਕਾਰ ਨੇ ਹੋਣਹਾਰ ਵਿਦਿਆਰਥੀਆਂ ਨੂੰ ਵਿੱਤੀ ਸਹਾਇਤਾ ਪ੍ਰਦਾਨ ਕਰਨ ਲਈ, ਪ੍ਰਧਾਨ ਮੰਤਰੀ-ਵਿਦਿਆ-ਲਕਸ਼ਮੀ ਯੋਜਨਾ ਨੂੰ ਮਨਜ਼ੂਰੀ ਦੇ ਦਿੱਤੀ ਏ।
- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਸਰਹੱਦੀ ਇਲਾਕਿਆਂ ਵਿੱਚ ਕੁੜੀਆਂ ਨੂੰ ਉੱਚ ਸਿੱਖਿਆ ਮੁਹੱਈਆ ਕਰਵਾਉਣਾ ਸਮੇਂ ਦੀ ਬਹੁਤ ਵੱਡੀ ਲੋੜ ਏ।
- 33ਵਾਂ ਮੇਲਾ ਗ਼ਦਰੀ ਬਾਬਿਆਂ ਦਾ, ਕੱਲ ਤੋਂ 9 ਨਵੰਬਰ ਤਕ ਜਲੰਧਰ ਸਥਿਤ ਦੇਸ਼ ਭਗਤ ਯਾਦਗਾਰ ਹਾਲ ਵਿੱਚ ਸ਼ੁਰੂ ਹੋ ਰਿਹਾ ਏ।

- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ, ਤਿੰਨ ਨਸ਼ਾ ਤਸਕਰਾਂ ਨੂੰ, ਨਸ਼ੀਲੇ ਪਦਾਰਥ ਆਈਸ ਅਤੇ ਹੈਰੋਇਨ ਸਮੇਤ ਕੀਤਾ ਗ੍ਰਿਫਤਾਰ ।

-------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਡੋਨਾਲਡ ਟਰੰਪ ਨੂੰ ਰਾਸ਼ਟਰਪਤੀ ਚੋਣਾਂ 'ਚ ਜਿੱਤ ਹਾਸਿਲ ਕਰਨ 'ਤੇ ਵਧਾਈ ਦਿੱਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਕਿ ਉਹ ਭਾਰਤ-ਅਮਰੀਕਾ ਰਣਨੀਤਕ ਭਾਈਵਾਲੀ ਨੂੰ ਮਜ਼ਬੂਤ ਕਰਨ ਵਿੱਚ ਸਹਿਯੋਗ ਦੀ ਉਮੀਦ ਰੱਖਦੇ ਨੇ। ਡੋਨਾਲਡ ਟਰੰਪ ਨੇ 2024 ਦੀਆਂ ਅਮਰੀਕੀ ਰਾਸ਼ਟਰਪਤੀ ਚੋਣਾਂ ਵਿੱਚ ਡੈਮੋਕ੍ਰੇਟਿਕ ਉਮੀਦਵਾਰ ਕਮਲਾ ਹੈਰਿਸ ਨੂੰ ਹਰਾ ਕੇ ਫੈਸਲਾਕੁੰਨ ਜਿੱਤ ਹਾਸਲ ਕੀਤੀ ਏ । ਸ਼੍ਰੀ ਮੋਦੀ ਨੇ ਵਿਸ਼ਵ ਸ਼ਾਂਤੀ, ਸਥਿਰਤਾ ਅਤੇ ਖੁਸ਼ਹਾਲੀ ਨੂੰ ਉਤਸ਼ਾਹਿਤ ਕਰਨ ਅਤੇ ਦੋਹਾਂ ਦੇਸ਼ਾਂ ਦੇ ਲੋਕਾਂ ਦੇ ਹਿੱਤ ਵਿੱਚ ਮਿਲ ਕੇ ਕੰਮ ਕਰਨ ਲਈ ਆਪਣੀ ਵਚਨਬੱਧਤਾ ਪ੍ਰਗਟਾਈ।

----------------------------------------------------------

ਸਰਕਾਰ ਨੇ ਹੋਣਹਾਰ ਵਿਦਿਆਰਥੀਆਂ ਨੂੰ ਵਿੱਤੀ ਸਹਾਇਤਾ ਪ੍ਰਦਾਨ ਕਰਨ ਲਈ, ਪ੍ਰਧਾਨ ਮੰਤਰੀ-ਵਿਦਿਆ-ਲਕਸ਼ਮੀ ਯੋਜਨਾ ਨੂੰ ਮਨਜ਼ੂਰੀ ਦੇ ਦਿੱਤੀ ਏ । ਮੰਤਰੀ ਮੰਡਲ ਦੀ ਮੀਟਿੰਗ ਵਿੱਚ ਲਏ ਗਏ ਫੈਸਲੇ ਬਾਰੇ, ਅੱਜ ਨਵੀਂ ਦਿੱਲੀ ਵਿੱਚ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ, ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ, ਵਿਦਿਆਰਥੀ ਉੱਚ ਸਿੱਖਿਆ ਹਾਸਲ ਕਰਨ ਲਈ ਜ਼ਮਾਨਤ ਮੁਕਤ ਕਰਜ਼ੇ ਲੈਣ ਦੇ ਯੋਗ ਹੋਣਗੇ। ਉਨ੍ਹਾਂ ਕਿਹਾ ਕਿ ਇਹ ਯੋਜਨਾ ਇਸ ਲਈ ਸ਼ੁਰੂ ਕੀਤੀ ਗਈ ਏ ਤਾਂ ਜੋ ਵਿੱਤੀ ਔਕੜਾਂ, ਭਾਰਤ ਦੇ ਕਿਸੇ ਵੀ ਨੌਜਵਾਨ ਨੂੰ ਮਿਆਰੀ ਉੱਚ ਸਿੱਖਿਆ ਹਾਸਲ ਕਰਨ ਤੋਂ ਨਾ ਰੋਕ ਸਕਣ। ਉਨ੍ਹਾਂ ਨੇ ਦੱਸਿਆ ਕਿ ਸਰਕਾਰ ਨੇ ਭਾਰਤੀ ਖੁਰਾਕ ਕਾਰਪੋਰੇਸ਼ਨ FCI ਲਈ 10 ਹਜ਼ਾਰ 700 ਕਰੋੜ ਰੁਪਏ ਦੀ ਇਕੁਇਟੀ ਦੇ ਨਿਵੇਸ਼ ਨੂੰ ਵੀ ਮਨਜ਼ੂਰੀ ਦੇ ਦਿੱਤੀ ਏ । ਉਨ੍ਹਾਂ ਕਿਹਾ ਕਿ ਇਹ ਐਫ.ਸੀ.ਆਈ ਦੀ ਸੰਚਾਲਨ ਸਮਰੱਥਾ ਨੂੰ ਵਧਾਉਣ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਏ।

-------------------------------------------------------

ਨੀਤੀ ਆਯੋਗ ਨੇ ਜਲ ਪ੍ਰਬੰਧਨ, ਸੰਭਾਲ ਅਤੇ ਜਾਗਰੂਕਤਾ ਅਤੇ ਸੰਵੇਦਨਸ਼ੀਲਤਾ ਪੈਦਾ ਕਰਨ ਲਈ ਅੱਜ ਤੋਂ 15 ਦਿਨਾਂ 'ਜਲ ਉਤਸਵ' ਦੀ ਸ਼ੁਰੂਆਤ ਕੀਤੀ ਏ । ਇਹ ਮੁਹਿੰਮ , ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਵਿਜ਼ਨ 'ਤੇ ਸ਼ੁਰੂ ਕੀਤੀ ਗਈ ਏ, ਜਿਨ੍ਹਾਂ ਨੇ ਪਿਛਲੇ ਸਾਲ ਦਸੰਬਰ 'ਚ ਹੋਈ ਤੀਜੀ ਮੁੱਖ ਸਕੱਤਰਾਂ ਦੀ ਕਾਨਫਰੰਸ ਦੌਰਾਨ 'ਨਾਦੀ ਉਤਸਵ' ਦੀ ਤਰਜ਼ 'ਤੇ 'ਜਲ ਉਤਸਵ' ਦਾ ਵਿਚਾਰ ਪੇਸ਼ ਕੀਤਾ ਸੀ । ਨੀਤੀ ਆਯੋਗ ਨੇ ਕਿਹਾ, ਜਲ ਉਤਸਵ ਨੂੰ 20 ਆਸਵੰਦ ਜ਼ਿਲ੍ਹੇ ਅਤੇ ਬਲਾਕ ਵਿੱਚ ਅੱਜ ਤੋਂ 24 ਨਵੰਬਰ ਤੱਕ ਲਾਗੂ ਕੀਤਾ ਜਾ ਰਿਹਾ ਏ । ਇਹ ਰਾਸ਼ਟਰੀ ਜਲ ਜੀਵਨ ਮਿਸ਼ਨ, ਪੀਣ ਵਾਲੇ ਪਾਣੀ ਅਤੇ ਸੈਨੀਟੇਸ਼ਨ ਵਿਭਾਗ, ਜਲ ਸ਼ਕਤੀ ਮੰਤਰਾਲੇ ਦੇ ਨਾਲ ਸਾਂਝੇਦਾਰੀ ਵਿੱਚ ਹੋਵੇਗਾ । ਇਹ ਉਤਸਵ 20 ਸੂਬਿਆਂ ਵਿੱਚ ਸ਼ੁਰੂ ਕੀਤਾ ਜਾ ਰਿਹਾ ਏ, ਜਿਸ ਵਿੱਚ ਜਲ ਸਰੋਤਾਂ ਦੀ ਸੰਭਾਲ ਅਤੇ ਸੁਰੱਖਿਆ ਵਿੱਚ ਭਾਈਚਾਰੇ ਦੀ ਭਾਗੀਦਾਰੀ ਦੀ ਕਲਪਨਾ ਕੀਤੀ ਗਈ ਏ । ਇਹ ਉਤਸਵ ਘਰਾਂ ਵਿੱਚ ਪਾਣੀ ਦੀ ਯੋਗ ਵਰਤੋਂ ਅਤੇ ਉਪਯੋਗਤਾਵਾਂ ਅਤੇ ਏਜੰਸੀਆਂ ਵਿੱਚ ਪਾਣੀ

ਪ੍ਰਬੰਧਨ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨ ਦੀ ਕੋਸ਼ਿਸ਼ ਕਰਦਾ ਏ। ਸਕੂਲੀ ਵਿਦਿਆਰਥੀਆਂ ਨੂੰ ਪਾਣੀ ਪ੍ਰਬੰਧਨ ਗਤੀਵਿਧੀਆਂ ਵਿੱਚ ਇਸ ਪਹਿਲਕਦਮੀ ਵਿੱਚ ਸ਼ਾਮਲ ਕੀਤਾ ਜਾ ਰਿਹਾ ਏ, ਉਹਨਾਂ ਨੂੰ ਉਹਨਾਂ ਦੇ ਪਰਿਵਾਰਾਂ ਅਤੇ ਭਾਈਚਾਰਿਆਂ ਵਿੱਚ ਤਬਦੀਲੀ ਲਈ ਉਤਪ੍ਰੇਰਕ ਵਜੋਂ ਕੰਮ ਕਰਨ ਲਈ ਸਮਰੱਥ ਬਣਾਉਂਦਾ ਏ।

---------------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਸੂਬੇ ਦੇ ਸਰਹੱਦੀ ਜ਼ਿਲ੍ਹਿਆਂ ਦੇ ਕੀਤੇ ਜਾ ਰਹੇ ਦੌਰੇ ਦੌਰਾਨ ਅੱਜ ਜ਼ਿਲ੍ਹਾ ਤਰਨਤਾਰਨ ਦਾ ਦੌਰਾ ਕਰਦਿਆਂ ਭਿੱਖੀਵਿੰਡ ਦੇ ਇੱਕ ਸਕੂਲ ਵਿਖੇ ਜ਼ਿਲ੍ਹੇ ਦੇ ਵੱਖ-ਵੱਖ ਸਰਹੱਦੀ ਪਿੰਡਾਂ ਵਿੱਚ ਬਣੀਆਂ ਪਿੰਡ ਪੱਧਰੀ ਸੁਰੱਖਿਆ ਕਮੇਟੀਆਂ ਦੇ ਮੈਂਬਰਾਂ ਨੂੰ ਸੰਬੋਧਨ ਕੀਤਾ। ਰਾਜਪਾਲ ਨੇ ਉਹਨਾਂ ਤੋਂ ਸਰਹੱਦੀ ਪਿੰਡਾਂ ਦੇ ਲੋਕਾਂ ਨੂੰ ਆ ਰਹੀਆਂ ਸਮੱਸਿਆਵਾਂ ਤੇ ਮੁਸ਼ਕਿਲਾਂ ਸਬੰਧੀ ਜਾਣਕਾਰੀ ਹਾਸਿਲ ਕੀਤੀ। ਰਾਜਪਾਲ ਨੇ ਕਿਹਾ ਕਿ ਸਰਹੱਦੀ ਇਲਾਕਿਆਂ ਵਿੱਚ ਕੁੜੀਆਂ ਨੂੰ ਉੱਚ ਸਿੱਖਿਆ ਮੁਹੱਈਆ ਕਰਵਾਉਣਾ ਸਮੇਂ ਦੀ ਬਹੁਤ ਵੱਡੀ ਲੋੜ ਏ। ਉਨ੍ਹਾਂ ਕਿਹਾ ਮਾਪੇ ਆਪਣੀਆਂ ਧੀਆਂ ਨੂੰ, ਆਧੁਨਿਕ ਤੇ

ਮਿਆਰੀ ਸਿੱਖਿਆ ਮੁਹੱਈਆ ਕਰਵਾਉਣ ਅੱਗੇ ਆਉਣ ਤਾਂ ਜੋ ਉਹ ਦੇਸ਼ ਤੇ ਸਮਾਜ ਦੀ ਤਰੱਕੀ ਵਿੱਚ ਆਪਣਾ ਮਹੱਤਵਪੂਰਨ ਯੋਗਦਾਨ ਪਾ ਸਕਣ। ਉਹਨਾਂ ਕਿਹਾ ਕਿ ਸਰਹੱਦੀ ਖੇਤਰਾਂ ਵਿੱਚ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਦੀ ਲੋੜ ਏ ਤਾਂ ਜੋ ਇਹਨਾਂ ਇਲਾਕਿਆਂ ਦੇ ਲੋਕਾਂ ਨੂੰ ਸੜਕਾਂ, ਆਵਾਜਾਈ ਸਹੂਲਤਾਂ, ਆਧੁਨਿਕ ਤੇ ਮਿਆਰੀ ਸਿੱਖਿਆ, ਰੋਜ਼ਗਾਰ, ਪੀਣ ਵਾਲ ਸਾਫ਼ ਪਾਣੀ ਅਤੇ ਸਿਹਤ ਸਹੂਲਤਾਂ ਹੋਰ ਬਿਹਤਰ ਢੰਗ ਤੇ ਪਹਿਲ ਦੇ ਆਧਾਰ 'ਤੇ ਮਿਲ ਸਕਣ। ਉਹਨਾਂ ਕਿਹਾ ਕਿ ਸਮਾਜ ਵਿੱਚ ਨਸ਼ੇ ਵਰਗੀ ਭਿਆਨਕ ਬਿਮਾਰੀ ਨਾਲ ਨਜਿੱਠਣ ਲਈ ਔਰਤਾਂ ਨੂੰ ਵਧ ਚੜ੍ਹ ਕੇ ਅੱਗੇ ਆਉਣਾ ਚਾਹੀਦਾ ਏ। ਉਹਨਾਂ ਕਿਹਾ ਕਿ ਆਮ ਲੋਕਾਂ ਤੇ ਖਾਸਕਰ ਔਰਤਾਂ ਦੇ ਸਹਿਯੋਗ ਨਾਲ ਹੀ ਅਸੀਂ ਨੌਜਵਾਨ ਪੀੜ੍ਹੀ ਨੂੰ ਨਸ਼ੇ ਵਰਗੀ ਭੈੜੀ ਅਲਾਮਤ ਤੋਂ ਬਚਾ ਸਕਦੇ ਹਾਂ। ਉਹਨਾਂ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨ ਲਈ ਬਹੁਤ ਵੱਡੀ ਲੋੜ ਏ। ਉਹਨਾਂ ਕਿਹਾ ਕਿ ਅੱਜ ਦੀ ਨੌਜਵਾਨ ਪੀੜ੍ਹੀ ਵਿੱਚ ਸਮਰੱਥਾ ਦੀ ਕੋਈ ਘਾਟ ਨਹੀਂ ਏ। ਇਸ ਮਗਰੋਂ ਉਹਨਾਂ, BSF ਕੈਂਪ ਭਿੱਖੀਵਿੰਡ ਵਿਖੇ ਵਾਲੀਬਲ ਮੈਚ ਦਾ ਵੀ ਆਨੰਦ ਮਾਣਿਆ। ਇਸ ਮੌਕੇ

ਵਧੀਕ ਮੁਖ ਸਕੱਤਰ ਕੇ. ਸ਼ਿਵਾ ਪ੍ਰਸ਼ਾਦ, ਪ੍ਰਿੰਸੀਪਲ ਸਕੱਤਰ ਵੀ.ਕੇ ਮੀਨਾ ਸਮੇਤ ਅਤੇ ਹੋਰ ਪ੍ਰਸ਼ਾਸਨਿਕ ਅਧਿਕਾਰੀ ਵੀ ਮੌਜੂਦ ਰਹੇ।

-----------------------------------------------------------

33ਵਾਂ ਮੇਲਾ ਗ਼ਦਰੀ ਬਾਬਿਆਂ ਦਾ, ਕੱਲ ਤੋਂ 9 ਨਵੰਬਰ ਤਕ ਜਲੰਧਰ ਸਥਿਤ ਦੇਸ਼ ਭਗਤ ਯਾਦਗਾਰ ਹਾਲ ਵਿੱਚ ਸ਼ੁਰੂ ਹੋ ਰਿਹਾ ਏ। ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਅਜਮੇਰ ਸਿੰਘ, ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀ-ਮੇਘਾ, ਸਹਾਇਕ ਸਕੱਤਰ ਚਰੰਜੀ ਲਾਲ ਕੰਗਣੀਵਾਲ, ਸਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਅਤੇ ਕਮੇਟੀ ਦੇ ਖਜ਼ਾਨਚੀ ਸੀਤਲ ਸਿੰਘ ਸੰਘਾ ਨੇ ਅੱਜ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਇਸ ਮੇਲੇ ਦੇ ਸਿਖ਼ਰਲੇ ਦਿਨ 9 ਨਵੰਬਰ ਨੂੰ ਸਵੇਰੇ 10 ਵਜੇ, ਗ਼ਦਰ ਪਾਰਟੀ ਦਾ ਝੰਡਾ ਲਹਿਰਾਉਣ ਦੀ ਰਸਮ ਦੇਸ਼ ਭਗਤ ਯਾਦਗਾਰ ਕਮੇਟੀ ਦੇ ਮੈਂਬਰ ਹਰਦੇਵ ਅਰਸ਼ੀ ਅਦਾ ਕਰਨਗੇ। 9 ਨਵੰਬਰ ਨੂੰ ਹੀ ਦੁਪਹਿਰ ਵੇਲੇ, ਵਿਸ਼ਵ ਪ੍ਰਸਿੱਧ ਵਿਦਵਾਨ ਅਰੁੰਧਤੀ ਰਾਏ ਅਤੇ ਨਿਊਜ਼ ਕਲਿੱਕ ਦੇ ਸੰਸਥਾਪਕ ਸੰਪਾਦਕ ਪ੍ਰਬੀਰ ਸੰਬੋਧਨ ਕਰਨਗੇ। ਇਸ ਦਿਨ

ਸ਼ਾਮ 4 ਵਜੇ 'ਖੇਤੀ ਅਤੇ ਪਾਣੀ ਸੰਕਟ' ਵਿਸ਼ੇ ਉਪਰ ਕਮੇਟੀ ਦੇ ਨੁਮਾਇਦਿਆਂ ਵੱਲੋਂ ਸੰਬਧਨ ਕੀਤਾ ਜਾਵੇਗਾ । ਇਸ ਮਗਰੋਂ ਸਾਰੀ ਰਾਤ 'ਪੋਸਟਰ', 'ਧਰਤੀ ਦੀ ਧੀ: ਐਟੀਗਨੀ', 'ਗੁੰਮਸ਼ੁਦਾ ਔਰਤ', 'ਰਾਖਾ', 'ਹਨੇਰ ਨਗਰੀ ਅਤੇ ਇਪਟਾ ਦੇ ਅਵਤਾਰ ਚੜਿਕ ਅਤੇ ਸਾਥੀ 'ਭੰਡ ਮੇਲੇ ਆਏ' ਨਾਟਕ ਪੇਸ਼ ਕਰਨਗੇ । ਇਸ ਤੋਂ ਇਲਾਵਾ ਵੱਖ ਵੱਖ ਦਿਨ ਕਈ ਕਵੀ ਦਰਬਾਰ ਵੀ ਸੱਜਣਗੇ ।

---------------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਹਵਾਈ ਅੱਡਿਆਂ 'ਤੇ ਅੰਮ੍ਰਿਤਧਾਰੀ ਸਿੱਖ ਕਰਮਚਾਰੀਆਂ ਨੂੰ ਕਕਾਰ (ਕਿਰਪਾਨ) ਪਹਿਨ ਕੇ ਡਿਊਟੀ ਕਰਨ ਤੋਂ ਰੋਕਣ ਦਾ ਨੋਟਿਸ ਲੈਂਦਿਆਂ, ਕੇਂਦਰੀ ਸ਼ਹਿਰੀ ਹਵਾਬਾਜ਼ੀ ਮੰਤਰੀ ਰਾਮ ਮੋਹਨ ਨਾਇਡੂ ਨੂੰ ਪੱਤਰ ਲਿਖ ਕੇ ਇਸ ਫੈਸਲੇ ਨੂੰ ਵਾਪਸ ਲੈਣ ਦੀ ਅਪੀਲ ਕੀਤੀ ਏ । ਉਨ੍ਹਾਂ ਕਿਹਾ ਕਿ ਸਿਵਲ ਹਵਾਬਾਜ਼ੀ ਸੁਰੱਖਿਆ ਬਿਊਰੋ ਵੱਲੋਂ ਹਾਲ ਹੀ ਵਿਚ ਜਾਰੀ ਕੀਤੇ ਹੁਕਮ ਅਨੁਸਾਰ ਹਵਾਈ ਅੱਡੇ 'ਤੇ ਡਿਊਟੀ ਕਰਨ

ਵਾਲੇ ਸਿੱਖ ਕਰਮਚਾਰੀਆਂ ਦੇ ਡਿਊਟੀ ਦੌਰਾਨ ਕਿਰਪਾਨ ਪਹਿਨਣ ’ਤੇ ਰੋਕ ਲਗਾਉਣੀ ਠੀਕ ਨਹੀਂ ਏ ।

---------------------------------------------------------

ਗੈਂਗਸਟਰ-ਨਾਰਕੋ ਗਠਜੋੜ ਨੂੰ ਵੱਡਾ ਝਟਕਾ ਦਿੰਦੇ ਹੋਏ, ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਤਿੰਨ ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕਰਕੇ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਇੱਕ ਰੈਕੇਟ ਦਾ ਪਰਦਾਫਾਸ਼ ਕੀਤਾ ਏ। ਪੁਲਿਸ ਨੇ ਉਨ੍ਹਾਂ ਤਸਕਰਾਂ ਦੇ ਕਬਜ਼ੇ ਚੋਂ ਇਕ ਕਿਲੋ ਆਈਸ ਮੇਥਾਮ-ਫੇਟਾ-ਮਾਈਨ ਅਤੇ ਇਕ ਕਿਲੋ ਹੈਰੋਇਨ ਬਰਾਮਦ ਕੀਤੀ ਏ । ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਅੱਜ ਅੰਮ੍ਰਿਤਸਰ ਦੱਸਿਆ ਕਿ ਫੜੇ ਗਏ ਵਿਅਕਤੀਆਂ ਦੀ ਪਛਾਣ ਅੰਮ੍ਰਿਤਸਰ ਦੇ ਪਿੰਡ ਭਕਨਾ ਕਲਾਂ ਦੇ ਰਹਿਣ ਵਾਲੇ ਕਰਨਦੀਪ ਸਿੰਘ , ਤੇ ਚੋਹਲਾ ਸਾਹਿਬ, ਦੇ ਰਹਿਣ ਵਾਲੇ ਜੀਵਨ ਸਿੰਘ ਅਤੇ ਮਨਜਿੰਦਰ ਸਿੰਘ ਵਜੋਂ ਹੋਈ ਏ। ਪੁਲਿਸ ਟੀਮਾਂ ਨੇ ਉਨ੍ਹਾਂ ਦੀ ਕਾਰ ਨੂੰ ਵੀ ਜ਼ਬਤ ਕਰ ਲਿਆ ਏ । DGP ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਏ

ਕਿ ਗ੍ਰਿਫਤਾਰ ਮੁਲਜ਼ਮ ਕਰਨਦੀਪ ਛੇ ਸਾਲਾਂ ਬਾਅਦ ਪੰਜਾਬ ਪਰਤਣ ਤੋਂ ਪਹਿਲਾਂ ਦੁਬਈ ਅਤੇ ਰੂਸ ਦੇ ਸ਼ਹਿਰ ਮਾਸਕੋ ਵਿੱਚ ਰਹਿ ਰਿਹਾ ਸੀ।

-----------------------------------------------------------

ਪੈਨਸ਼ਨਰਾਂ ਨੂੰ ਡਿਜੀਟਲ ਜੀਵਨ ਪ੍ਰਮਾਣ ਪੱਤਰ ਜਮ੍ਹਾ ਕਰਵਾਉਣ ਲਈ, 7 ਨਵੰਬਰ ਨੂੰ ਚੰਡੀਗੜ੍ਹ ਵਿੱਚ ਕੈਂਪ ਲਗਾਏ ਜਾਣਗੇ। ਪੈਨਸ਼ਨ ਅਤੇ ਪੈਨਸ਼ਨਰਜ਼ ਭਲਾਈ ਵਿਭਾਗ ਵੱਲੋਂ ਭਲਕੇ 7 ਨਵੰਬਰ, 2024 ਨੂੰ ਚੰਡੀਗੜ੍ਹ ਵਿੱਚ ਵੱਖ-ਵੱਖ ਥਾਵਾਂ 'ਤੇ ਕੈਂਪ ਲਗਾਏ ਜਾ ਰਹੇ ਨੇ , ਤਾਂ ਜੋ ਪੈਨਸ਼ਨਰਾਂ ਨੂੰ ਚਿਹਰਾ ਪ੍ਰਮਾਣੀਕਰਨ ਤਕਨੀਕ ਰਾਹੀਂ ਆਪਣੇ ਜੀਵਨ ਪ੍ਰਮਾਣ ਪੱਤਰ ਜਮ੍ਹਾਂ ਕਰਾਉਣ ਵਿੱਚ ਮਦਦ ਕੀਤੀ ਜਾ ਸਕੇ ਅਤੇ ਜੀਵਨ ਪ੍ਰਮਾਣ ਪੱਤਰ ਜਮ੍ਹਾਂ ਕਰਾਉਣ ਦੀ ਪ੍ਰਕਿਰਿਆ ਨੂੰ ਸੁਚਾਰੂ ਬਣਾਇਆ ਜਾ ਸਕੇ । ਪੰਜਾਬ ਯੂਨੀਵਰਸਿਟੀ ਅਤੇ ਸੈਕਟਰ-7 ਵਿਖੇ ਭਾਰਤੀ ਸਟੇਟ ਬੈਂਕ ਦੀਆਂ ਸ਼ਾਖਾਵਾਂ; ਅਤੇ ਸੈਕਟਰ 17-ਬੀ ਅਤੇ ਮਨੀ ਮਾਜਰਾ ਵਿਖੇ ਪੰਜਾਬ ਨੈਸ਼ਨਲ ਬੈਂਕ ਦੀਆਂ ਸ਼ਾਖਾਵਾਂ ਵਿਖੇ ਕੈਂਪ ਲਗਾਏ ਜਾਣਗੇ। ਇਹ ਕੈਂਪ, ਭਾਰਤ ਸਰਕਾਰ ਦੇ ਅਮਲਾ, ਜਨਤਕ ਸ਼ਿਕਾਇਤਾਂ ਅਤੇ ਪੈਨਸ਼ਨ ਮੰਤਰਾਲੇ ਦੇ ਪੈਨਸ਼ਨ ਅਤੇ ਪੈਨਸ਼ਨਰਜ਼ ਭਲਾਈ ਵਿਭਾਗ ਵੱਲੋਂ

ਰਾਸ਼ਟਰ-ਵਿਆਪੀ ਡਿਜੀਟਲ ਜੀਵਨ ਪ੍ਰਮਾਣ ਪੱਤਰ ਮੁਹਿੰਮ-3 ਦੇ ਹਿੱਸੇ ਵਜੋਂ ਲਾਏ ਜਾ ਰਹੇ ਨੇ। ਪਹਿਲੀ ਤੋਂ 30 ਨਵੰਬਰ ਤੱਕ ਤੈਅ ਕੀਤੀ ਗਈ ਮੁਹਿੰਮ 3 , ਦੇਸ਼ ਭਰ ਵਿੱਚ 800 ਸਥਾਨਾਂ ਨੂੰ ਕਵਰ ਕਰੇਗੀ।

---------------------------------------------------------------

ਵਿਸ਼ਵ ਪੱਧਰ ਤੇ ਹੋਏ ਵਾਟਰ ਸਪੋਰਟਸ ਡਰੈਗਨ ਬੋਟ ਮੁਕਾਬਲੇ ਵਿੱਚ ਤੀਜਾ ਸਥਾਨ ਪ੍ਰਾਪਤ ਕਰਨ ਵਾਲੀ ਸ੍ਰੀ ਮੁਕਤਸਰ ਸਾਹਿਬ ਦੀ ਵਸਨੀਕ ਖਿਡਾਰਨ ਜਸਵਿੰਦਰ ਕੌਰ ਔਲਖ ਨੂੰ, ਅੱਜ ਡਿਪਟੀ ਕਮਿਸ਼ਨਰ ਰਾਜੇਸ਼ ਤ੍ਰਿਪਾਠੀ ਨੇ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਜਸਵਿੰਦਰ ਕੌਰ ਨੂੰ ਖੇਡਾਂ ਵਿੱਚ ਹੋਰ ਵੱਡੀਆਂ ਪ੍ਰਾਪਤੀਆਂ ਲਈ ਪ੍ਰੇਰਿਤ ਕੀਤਾ ਅਤੇ ਨਾਲ ਹੀ, ਖਿਡਾਰਨ ਦੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ। ਇਹ ਮੁਕਾਬਲੇ 23 ਤੋ 27 ਅਕਤੂਬਰ ਤੱਕ ਚੀਨ ਵਿਖੇ ਕਰਵਾਏ ਗਏ। ਇਸ ਖੇਡ ਮੁਕਾਬਲੇ ਨਾਲ ਸਬੰਧਤ ਕੁੱਲ 12 ਟੀਮਾਂ ਸਨ, ਜਿਨ੍ਹਾ ਵਿਚੋਂ ਔਰਤਾਂ ਦੀਆਂ 8 ਟੀਮਾਂ ਸਨ। ਇਨ੍ਹਾਂ ਮੁਕਾਬਲਿਆਂ ਵਿੱਚ ਭਾਰਤ ਦੀ ਟੀਮ ਨੇ ਕਾਸੀ ਦਾ ਤਮਗਾ ਜਿੱਤ ਕੇ ਦੇਸ਼ ਦਾ ਨਾਮ ਰੋਸ਼ਨ ਕੀਤਾ।

-----------------------------------------------------------------------

ਮਹਾਤਮਾ ਗਾਂਧੀ ਸਟੇਟ ਇੰਸਟੀਚਿਊਟ ਆਫ ਪਬਲਿਕ ਐਡਮਨਿਸਟ੍ਰੇਸਨ ਪੰਜਾਬ (ਮੈਗਸੀਪਾ), ਖੇਤਰੀ ਕੇਂਦਰ ਬਠਿੰਡਾ ਵੱਲੋਂ ਵੱਖ-ਵੱਖ ਵਿਭਾਗਾਂ ਦੇ ਮੁਲਾਜ਼ਮਾਂ ਨੂੰ ਸਰਕਾਰੀ ਦਫ਼ਤਰਾਂ ਤੋਂ ਆਮ ਲੋਕਾਂ ਤੱਕ ਵਧੀਆ ਤਰੀਕੇ ਨਾਲ ਸੇਵਾਵਾਂ ਦੇਣ ਸਬੰਧੀ 2 ਰੋਜ਼ਾ ਸਿਖਲਾਈ ਪ੍ਰੋਗਰਾਮ ਅੱਜ ਸਮਾਪਤ ਹੋ ਗਿਆ । ਪ੍ਰੋਜੈਕਟ ਡਾਇਰੈਕਟਰ ਓਮ ਪ੍ਰਕਾਸ਼ ਨੇ ਦੱਸਿਆ ਕਿ 5 ਨਵੰਬਰ ਨੂੰ ਸਰਕਾਰ ਦੇ ਪੋਰਟਲ ਅਤੇ ਸੇਵਾ ਕੇਂਦਰਾਂ, ਫ਼ਰਦ ਕੇਂਦਰਾਂ ਅਤੇ ਸਾਂਝ ਕੇਂਦਰਾਂ ਦੀ ਕਾਰਜਵਿਧੀ ਬਾਰੇ ਮੁਲਾਜ਼ਮਾਂ ਨਾਲ ਵੱਖ-ਵੱਖ ਵੇਰਵਿਆਂ ਰਾਹੀਂ ਜਾਣਕਾਰੀ ਸਾਂਝੀ ਕੀਤੀ ਗਈ । ਇਸ ਤੋਂ ਇਲਾਵਾ ਆਰ.ਟੀ.ਆਈ ਐਕਟ ਅਤੇ ਸਰਵਿਸ ਐਕਟ 2018 ਦੇ ਬਾਰੇ ਐਡਵੋਕੇਟ ਵਰੁਣ ਬਾਂਸਲ ਵੱਲੋਂ ਜਾਣਕਾਰੀ ਮੁਹੱਈਆ ਕਰਵਾਈ ਗਈ । ਉਨ੍ਹਾਂ ਦੱਸਿਆ ਕਿ ਇਸ ਸਿਖਲਾਈ ਪ੍ਰੋਗਰਾਮ ਦੌਰਾਨ ਮੁਲਾਜ਼ਮਾਂ ਨੂੰ ਸਰਕਾਰੀ ਵਿਭਾਗਾਂ ਤੋਂ ਆਮ ਲੋਕਾਂ ਨਾਲ ਵਧੀਆ ਤਰੀਕੇ ਨਾਲ ਵਿਵਹਾਰ ਕਰਨ ਬਾਰੇ ਦਸਿਆ ਗਿਆ ।

---------------------------------------------------------------------------

ਦੇਵੀਗੜ੍ਹ ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਪਰਾਲੀ ਪ੍ਰਬੰਧਨ ਪ੍ਰੋਜੈਕਟ 2024-25 ਅਧੀਨ ਬਲਾਕ ਭੁਨਰਹੇੜੀ ਦੇ ਪਿੰਡ ਸਵਾਈ ਸਿੰਘ ਵਾਲਾ ਵਿਖੇ ਝੋਨੇ ਦੀ ਪਰਾਲੀ ਦੇ ਸੁਚੱਜੇ ਪ੍ਰਬੰਧਨ ਅਤੇ ਹਾੜ੍ਹੀ ਦੀਆਂ ਫ਼ਸਲਾਂ ਦੀ ਕਾਸ਼ਤ ਸਬੰਧੀ ਪਿੰਡ ਪੱਧਰੀ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ। ਜਿਸ ਵਿੱਚ 60ਤੋਂ ਵੱਧ ਕਿਸਾਨਾਂ ਨੇ ਹਿੱਸਾ ਲਿਆ। ਸਹਾਇਕ ਪ੍ਰੋਫੈਸਰ ਡਾ.ਗੁਰਪ੍ਰੀਤ ਸਿੰਘ ਸਿੱਧੂ ਨੇ ਕਿਸਾਨਾਂ ਨਾਲ ਝੋਨੇ ਦੀ ਪਰਾਲੀ ਦੇ ਕੁਸ਼ਲ ਪ੍ਰਬੰਧਨ ਲਈ ਵੱਖ ਵੱਖ ਮਸ਼ੀਨਾਂ ਬਾਰੇ ਵਿਸਥਾਰ ਨਾਲ ਵਿਚਾਰ ਵਟਾਂਦਰਾ ਕੀਤਾ ਅਤੇ ਵੱਖ-ਵੱਖ ਤਰੀਕਿਆਂ ਨਾਲ ਪਰਾਲੀ ਦੀ ਸੰਭਾਲ ਕਰਕੇ ਬੀਜੀ ਕਣਕ ਵਿੱਚ ਖਾਦ ਪ੍ਰਬੰਧਨ ਅਤੇ ਕਣਕ ਦੇ ਬੀਜ ਨੂੰ ਲਗਾਏ ਜਾਣ ਵਾਲੇ ਜੀਵਾਣੂ ਖਾਦ ਦੇ ਟੀਕੇ ਬਾਰੇ ਵੀ ਜਾਣਕਾਰੀ ਦਿੱਤੀ। ਉਹਨਾਂ ਕਣਕ ਵਿਚ ਨਦੀਨ ਪ੍ਰਬੰਧਨ ਵੇਲੇ ਪਾਣੀ ਦੀ ਮਾਤਰਾ ਅਤੇ ਨੋਜ਼ਲ ਦੀ ਸਹੀ ਚੋਣ ਦੇ ਮਹੱਤਵ ਬਾਰੇ ਦੱਸਿਆ।ਪ੍ਰੋਫੈਸਰ ਡਾ. ਰਜਨੀ ਗੋਇਲ ਨੇ ਘਰੇਲੂ ਪੱਧਰ ਦੇ ਬਣੇ ਉਤਪਾਦਾਂ ਦੀ ਵਰਤੋਂ ਦੇ ਮਹੱਤਵ ਬਾਰੇ ਦੱਸਦਿਆਂ ਕਣਕ ਦੇ ਨਾਲ ਨਾਲ ਤੇਲ ਬੀਜ

ਫ਼ਸਲਾਂ, ਦਾਲਾਂ ਅਤੇ ਫਲ਼ਾਂ ਦੀ ਕਾਸ਼ਤ ਨੂੰ ਅਪਣਾਉਣ ਉੱਪਰ ਜ਼ੋਰ ਦਿੱਤਾ। ਉਹਨਾਂ ਤੇਲ ਬੀਜ ਫ਼ਸਲਾਂ, ਦਾਲਾਂ, ਹਲਦੀ, ਗੰਨੇ ਅਤੇ ਫਲ਼ਾਂ ਦੀ ਪ੍ਰੋਸੈਸਿੰਗ ਅਤੇ ਪੈਕਿੰਗ ਬਾਰੇ ਜਾਣਕਾਰੀ ਸਾਂਝੀ ਕੀਤੀ।

---

ਆਖ਼ਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਡੋਨਾਲਡ ਟਰੰਪ ਨੂੰ ਅਮਰੀਕੀ ਚੋਣਾਂ ਵਿਚ ਜਿੱਤ ਹਾਸਲ ਕਾਰਨ 'ਤੇ ਦਿੱਤੀ ਵਧਾਈ।
- ਸਰਕਾਰ ਨੇ ਹੋਣਹਾਰ ਵਿਦਿਆਰਥੀਆਂ ਨੂੰ ਵਿੱਤੀ ਸਹਾਇਤਾ ਪ੍ਰਦਾਨ ਕਰਨ ਲਈ, ਪ੍ਰਧਾਨ ਮੰਤਰੀ-ਵਿਦਿਆ-ਲਕਸ਼ਮੀ ਯੋਜਨਾ ਨੂੰ ਮਨਜ਼ੂਰੀ ਦੇ ਦਿੱਤੀ ਏ।
- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਸਰਹੱਦੀ ਇਲਾਕਿਆਂ ਵਿੱਚ ਕੁੜੀਆਂ ਨੂੰ ਉੱਚ ਸਿੱਖਿਆ ਮੁਹੱਈਆ ਕਰਵਾਉਣਾ ਸਮੇਂ ਦੀ ਬਹੁਤ ਵੱਡੀ ਲੋੜ ਏ।

- 33ਵਾਂ ਮੇਲਾ ਗ਼ਦਰੀ ਬਾਬਿਆਂ ਦਾ, ਕੱਲ ਤੋਂ 9 ਨਵੰਬਰ ਤਕ ਜਲੰਧਰ ਸਥਿਤ ਦੇਸ਼ ਭਗਤ ਯਾਦਗਾਰ ਹਾਲ ਵਿੱਚ ਸ਼ੁਰੂ ਹੋ ਰਿਹਾ ਏ।
- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ, ਤਿੰਨ ਨਸ਼ਾ ਤਸਕਰਾਂ ਨੂੰ, ਨਸ਼ੀਲੇ ਪਦਾਰਥ ਆਈਸ ਅਤੇ ਹੈਰੋਇਨ ਸਮੇਤ ਕੀਤਾ ਗ੍ਰਿਫਤਾਰ ।